**ਮਲਾਰ ਮਹਲਾ ੫ ॥ ਖੀਰ ਅਧਾਰਿ ਬਾਰਿਕੁ ਜਬ ਹੋਤਾ ਬਿਨੁ ਖੀਰੈ ਰਹਨੁ ਨ ਜਾਈ ॥ ਸਾਰਿ ਸਮ੍ਾਲਿ ਮਾਤਾ ਮੁਖਿ ਨੀਰੈ ਤਬ ਓਹੁ ਤ੍ਰਿਪਤਿ ਅਘਾਈ ॥ ੧॥ ਹਮ ਬਾਰਿਕ ਪਿਤਾ ਪ੍ਰਭੁ ਦਾਤਾ ॥ ਭੂਲਹਿ ਬਾਰਿਕ ਅਨਿਕ ਲਖ ਬਰੀਆ ਅਨ ਠਉਰ ਨਾਹੀ ਜਹ ਜਾਤਾ ॥੧॥ ਰਹਾਉ ॥ ਚੰਚਲ ਮਤਿ ਬਾਰਿਕ ਬਪੁਰੇ ਕੀ ਸਰਪ ਅਗਨਿ ਕਰ ਮੇਲੈ ॥ ਮਾਤਾ ਪਿਤਾ ਕੰਠਿ ਲਾਇ ਰਾਖੈ ਅਨਦ ਸਹਜਿ ਤਬ ਖੇਲੈ ॥੨॥ ਜਿਸ ਕਾ ਪਿਤਾ ਤੂ ਹੈ ਮੇਰੇ ਸੁਆਮੀ ਤਿਸੁ ਬਾਰਿਕ ਭੂਖ ਕੈਸੀ ॥ ਨਵ ਨਿਧਿ ਨਾਮੁ ਨਿਧਾਨੁ ਗ੍ਰਿਹਿ ਤੇਰੈ ਮਨਿ ਬਾਂਛੈ ਸੋ ਲੈਸੀ ॥੩॥ ਪਿਤਾ ਕ੍ਰਿਪਾਲਿ ਆਗਿਆ ਇਹ ਦੀਨੀ ਬਾਰਿਕੁ ਮੁਖਿ ਮਾਂਗੈ ਸੋ ਦੇਨਾ ॥ ਨਾਨਕ ਬਾਰਿਕੁ ਦਰਸੁ ਪ੍ਰਭ ਚਾਹੈ ਮੋਹਿ ਹ੍ਰਿਦੈ ਬਸਹਿ ਨਿਤ ਚਰਨਾ ॥੪॥੨॥** {ਪੰਨਾ 1266}

ਪਦ ਅਰਥ:- ਖੀਰ—ਦੁੱਧ। ਖੀਰ ਅਧਾਰਿ—ਦੁੱਧ ਦੇ ਆਸਰੇ ਨਾਲ। ਹੋਤਾ—ਹੁੰਦਾ ਹੈ, ਰਹਿੰਦਾ ਹੈ। ਬਿਨੁ ਖੀਰੈ—ਦੁੱਧ ਤੋਂ ਬਿਨਾ। ਸਾਰਿ—ਸਾਰ ਲੈ ਕੇ। ਸਮ੍ਾਲਿ—ਸੰਭਾਲ ਕਰ ਕੇ। ਮੁਖਿ—(ਬੱਚੇ ਦੇ) ਮੂੰਹ ਵਿਚ। ਨੀਰੈ—ਪ੍ਰੋਸਦੀ ਹੈ, ਥਣ ਦੇਂਦੀ ਹੈ। ਤ੍ਰਿਪਤਿ ਅਘਾਈ—ਚੰਗੀ ਤਰ੍ਹਾਂ ਰੱਜ ਜਾਂਦਾ ਹੈ।1।

ਭੂਲਹਿ—ਭੁੱਲਦੇ ਹਨ (ਬਹੁ-ਵਚਨ)। ਬਾਰਿਕੁ—(ਇਕ-ਵਚਨ)। ਬਾਰਿਕ—(ਬਹੁ-ਵਚਨ)। ਬਰੀਆ—ਵਾਰੀ। ਅਨ—(ANX) ਹੋਰ। ਠਉਰ—ਥਾਂ। ਜਹ—ਜਿੱਥੇ।1। ਰਹਾਉ।

ਚੰਚਲ—ਚੁਲਬੁਲੀ, ਇਕੋ ਥਾਂ ਟਿੱਕ ਨਾਹ ਸਕਣ ਵਾਲੀ। ਬਪੁਰੇ ਕੀ—ਵੀਚਾਰੇ ਦੀ। ਸਰਪ—ਸੱਪ। ਕਰ—ਹੱਥ। ਕੰਠਿ—ਗਲ ਨਾਲ। ਲਾਇ—ਲਾ ਕੇ। ਸਹਜਿ—ਅਡੋਲਤਾ ਨਾਲ, ਬੇ-ਫ਼ਿਕਰੀ ਨਾਲ।2।

ਜਿਸ ਕਾ—(ਸੰਬੰਧਕ 'ਕਾ' ਦੇ ਕਾਰਨ ਲਫ਼ਜ਼ 'ਜਿਸੁ' ਦਾ ੁ ਉੱਡ ਗਿਆ ਹੈ)। ਸੁਆਮੀ—ਹੇ ਸੁਆਮੀ! ਗ੍ਰਿਹਿ ਤੇਰੈ—ਤੇਰੇ ਘਰ ਵਿਚ। ਮਨਿ—ਮਨ ਵਿਚ। ਬਾਂਛੈ—ਮੰਗਦਾ ਹੈ, ਚਾਹੁੰਦਾ ਹੈ। ਲੈਸੀ—ਲੈ ਲਏਗਾ।3।

ਕ੍ਰਿਪਾਲਿ—ਕਿਰਪਾਲ ਨੇ। ਆਗਿਆ—ਹੁਕਮ। ਮੁਖਿ—ਮੂੰਹੋਂ। ਦਰਸੁ ਪ੍ਰਭ—ਪ੍ਰਭੂ ਦਾ ਦਰਸਨ। ਮੋਹਿ ਹ੍ਰਿਦੈ—ਮੇਰੇ ਹਿਰਦੇ ਵਿਚ। ਬਸਹਿ—ਵੱਸਦੇ ਰਹਿਣ।4।

ਅਰਥ:- ਹੇ ਭਾਈ! ਦਾਤਾਰ ਪ੍ਰਭੂ (ਸਾਡਾ) ਪਿਤਾ ਹੈ, ਅਸੀਂ (ਜੀਵ ਉਸ ਦੇ) ਬੱਚੇ ਹਾਂ। ਬੱਚੇ ਅਨੇਕਾਂ ਵਾਰੀ ਲੱਖਾਂ ਵਾਰੀ ਭੁੱਲਾਂ ਕਰਦੇ ਹਨ (ਪਿਤਾ-ਪ੍ਰਭੂ ਤੋਂ ਬਿਨਾ ਉਹਨਾਂ ਦਾ ਕੋਈ) ਹੋਰ ਥਾਂ ਨਹੀਂ, ਜਿਥੇ ਉਹ ਜਾ ਸਕਣ।1। ਰਹਾਉ।

ਹੇ ਭਾਈ! ਜਦੋਂ (ਕੋਈ) ਬੱਚਾ ਦੁੱਧ ਦੇ ਆਸਰੇ ਹੀ ਹੁੰਦਾ ਹੈ (ਤਦੋਂ ਉਹ) ਦੁੱਧ ਤੋਂ ਬਿਨਾ ਨਹੀਂ ਰਹਿ ਸਕਦਾ। (ਜਦੋਂ ਉਸ ਦੀ) ਮਾਂ (ਉਸ ਦੀ) ਸਾਰ ਲੈ ਕੇ (ਉਸ ਦੀ) ਸੰਭਾਲ ਕਰ ਕੇ (ਉਸ ਦੇ) ਮੂੰਹ ਵਿਚ ਆਪਣਾ ਥਣ ਪਾਂਦੀ ਹੈ, ਤਦੋਂ ਉਹ (ਦੁੱਧ ਨਾਲ) ਚੰਗੀ ਤਰ੍ਹਾਂ ਰੱਜ ਜਾਂਦਾ ਹੈ।1।

ਹੇ ਭਾਈ! ਵਿਚਾਰੇ ਬੱਚੇ ਦੀ ਅਕਲ ਹੋਛੀ ਹੁੰਦੀ ਹੈ, ਉਹ (ਜਦੋਂ ਮਾਂ ਪਿਉ ਤੋਂ ਪਰੇ ਹੁੰਦਾ ਹੈ ਤਦੋਂ) ਸੱਪ ਨੂੰ ਹੱਥ ਪਾਂਦਾ ਹੈ, ਅੱਗ ਨੂੰ ਹੱਥ ਪਾਂਦਾ ਹੈ (ਤੇ, ਦੁਖੀ ਹੁੰਦਾ ਹੈ)। (ਪਰ ਜਦੋਂ ਉਸ ਨੂੰ) ਮਾਂ ਗਲ ਨਾਲ ਲਾ ਕੇ ਰੱਖਦੀ ਹੈ ਪਿਉ ਗਲ ਨਾਲ ਲਾ ਕੇ ਰੱਖਦਾ ਹੈ (ਭਾਵ, ਜਦੋਂ ਉਸ ਦੇ ਮਾਪੇ ਉਸ ਦਾ ਧਿਆਨ ਰੱਖਦੇ ਹਨ) ਤਦੋਂ ਉਹ ਅਨੰਦ ਨਾਲ ਬੇ-ਫ਼ਿਕਰੀ ਨਾਲ ਖੇਡਦਾ ਹੈ।2।

ਹੇ ਮੇਰੇ ਮਾਲਕ-ਪ੍ਰਭੂ! ਜਿਸ (ਬੱਚੇ) ਦਾ ਤੂੰ ਪਿਤਾ (ਵਾਂਗ ਰਾਖਾ) ਹੈਂ, ਉਸ ਬੱਚੇ ਨੂੰ ਕੋਈ (ਮਾਇਕ) ਭੁੱਖ ਨਹੀਂ ਰਹਿ ਜਾਂਦੀ। ਤੇਰੇ ਘਰ ਵਿਚ ਤੇਰਾ ਨਾਮ-ਖ਼ਜ਼ਾਨਾ ਹੈ (ਇਹੀ ਹੈ) ਨੌ ਖ਼ਜ਼ਾਨੇ। ਉਹ ਜੋ ਕੁਝ ਆਪਣੇ ਮਨ ਵਿਚ (ਤੈਥੋਂ) ਮੰਗਦਾ ਹੈ, ਉਹ ਕੁਝ ਹਾਸਲ ਕਰ ਲੈਂਦਾ ਹੈ।3।

ਹੇ ਭਾਈ! ਕਿਰਪਾਲ ਪਿਤਾ-ਪ੍ਰਭੂ ਨੇ ਇਹ ਹੁਕਮ ਦੇ ਰੱਖਿਆ ਹੈ, ਕਿ ਬਾਲਕ ਜੋ ਕੁਝ ਮੰਗਦਾ ਹੈ ਉਹ ਉਸ ਨੂੰ ਦੇ ਦੇਣਾ ਹੈ। ਹੇ ਪ੍ਰਭੂ! ਤੇਰਾ ਬੱਚਾ ਨਾਨਕ ਤੇਰਾ ਦਰਸਨ ਚਾਹੁੰਦਾ ਹੈ (ਤੇ, ਆਖਦਾ ਹੈ—ਹੇ ਪ੍ਰਭੂ!) ਤੇਰੇ ਚਰਨ ਮੇਰੇ

ਹਿਰਦੇ ਵਿਚ ਵੱਸਦੇ ਰਹਿਣ।4।